# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ
## ਤਿਕਸ਼ਨ ਸੂਦ ਨੇ ਵਾਰਡ ਨੰ 8 ਦੇ ਮੁਹੱਲਾ ਬੁਲਾਂਵਾੜੀ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਲਗੱਣ ਵਾਲੇ ਨਵੇਂ ਟਿਊਬਵੈਲ ਦੇ ਕੰਮ ਦੀ ਕੀਤੀ ਸ਼ੁਰੂਆਤ

ਹੁਸ਼ਿਆਰਪੁਰ 1 ਅਗਸਤ ਮੁੱਖ ਮੰਤਰੀ ਪੰਜਾਬ ਦੇ ਰਾਜਨੀਤਿਕ ਸਲਾਹਕਾਰ ਤਿਕਸ਼ਨ ਸੂਦ ਨੇ ਵਾਰਡ ਨੰ 8 ਦੇ ਮੁਹੱਲਾ ਬੁਲਾਂਵਾੜੀ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਲਗੱਣ ਵਾਲੇ ਨਵੇਂ ਟਿਊਬਵੈਲ ਦੇ ਕੰਮ ਦੀ ਸ਼ੁਰੂਆਤ ਨਾਰੀਅਲ ਤੋੜ ਕੇ ਕੀਤੀ। ਮੇਅਰ ਸ਼ਿਵ ਸੂਦ, ਮਾਤਾ ਕਿਰਨ ਦੇਵੀ, ਵਾਰਡ ਨੰ 8 ਦੇ ਕੋਸਲਰ ਸੁਰੇਸ਼ ਕੁਮਾਰ,ਰਿਟਾਇਰਡ ਡੀ.ਐਸ.ਪੀ ਮਲਕੀਤ ਸਿੰਘ, ਵਿਜੇ ਪਠਾਨੀਆਂ, ਰਾਜ ਕੁਮਾਰ, ਭਾਜਪਾ ਆਗੂ ਮੁੱਖੀ ਰਾਮ ਅਤੇ ਰਾਨਾ ਰਨਵੀਰ ਸਿੰਘ ਵੀ ਇਸ ਮੋਕੇ ਤੇ ਉਹਨ੍ਹਾਂ ਦੇ ਨਾਲ ਸਨ।ਇਸ ਮਕੇ ਤੇ ਭਾਰੀ ਇਕੱਠ ਨੂੰ ਸਬੋਧਨ ਕਰਦਿਆਂ ਤਿਕਸ਼ਨ ਸੂਦ ਨੇ ਕਿਹਾ ਕਿ ਮੁਹੱਲਾ ਵਾਸੀਆਂ ਵੱਲੋਂ ਪੀਣ ਵਾਲੇ ਪਾਣੀ ਦੀ ਕਮੀ ਦੂਰ ਕਰਨ ਲਈ ਮੰਗ ਕੀਤੀ ਗਈ ਸੀ।ਜਿਸ ਤੇ ਗੋਰ ਕਰਦੇ ਹੋਏ ਅੱਜ ਨਵਾਂ ਟਿਊਬਵੈਲ ਲਗਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ ਇਸ ਦੇ ਚਾਲੂ ਹੋਣ ਨਾਲ ਵਾਰਡ ਨੰ 8 ਦੇ ਨਿਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀ ਰਹੇਗੀ। ਉਹਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪੀਣ ਵਾਲੇ ਪਾਣੀ ਦਾ ਪਧੱਰ ਹੇਠਾਂ ਜਾ ਰਿਹਾ ਹੈ। ਜਿਸਨੂੰ ਵੇਖਦੇ ਹੋਏ ਲੋਕ ਪੀਣ ਵਾਲੇ ਪਾਣੀ ਦੀ ਵਰਤੋਂ ਸਜੰਮ ਨਾਲ ਕਰਨ। ਉਹਨ੍ਹਾਂ ਨੇ ਕਿਹਾ ਕਿ ਵਾਰਡ ਨੰ 8 ਦੇ ਰਹਿੰਦੇ ਵਿਕਾਸ ਕਾਰਜਾਂ ਅਤੇ ਉਹਨ੍ਹਾਂ ਦੀਆਂ ਮੰਗਾਂ ਨੂੰ ਜਲਦ ਹੀ ਪੂਰਾ ਕੀਤਾ ਜਾਵੇਗਾ।

ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਇਸ ਮੋਕੇ ਤੇ ਨਗਰ ਨਿਗਮ ਵੱਲੋਂ ਵੱਖ ਵੱਖ ਵਾਰਡਾਂ ਵਿੱਚ ਕੀਤੇ ਜਾ ਰਹੇ ਵਿਕਾਸ ਕੰਮਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦੇ ਦਸਿੱਆ ਕਿ ਸ਼ਹਿਰ ਦੀਆਂ ਸੜਕਾਂ ਅਤੇ ਗਲੀਆਂ ਵਿੱਚ ਪ੍ਰੀਮਿਕਸ ਪਾਉਣ ਦਾ ਕੰਮ ਜੰਗੀ ਪਧੱਰ ਤੇ ਕੀਤਾ ਜਾ ਰਿਹਾ ਹੈ। ਸ਼ਹਿਰ ਦੇ ਨਵੇਂ ਬਣੇ ਮੁਹਲਿਆਂ ਵਿੱਚ ਸੀਵਰੇਜ਼ ਅਤੇ ਵਾਟਰ ਸਪਲਾਈ ਦੀਆਂ ਪਾਈਪਾਂ ਪਾਈਆਂ ਜਾ ਰਹੀਆਂ ਹਨ। ਜਿਸ ਉਪਰੰਤ ਉਹਨ੍ਹਾਂ ਮੁਹੱਲਿਆਂ ਦੀਆਂ ਗਲੀਆਂ ਨੂੰ ਪੱਕਾ ਕੀਤਾ ਜਾਵੇਗਾ।

ਜੇ.ਈ (ਮਕੈਨੀਕਲ) ਅਸ਼ਵਨੀ ਸ਼ਰਮਾ, ਇਸਪੈਕਟਰ ਰਵਿੰਦਰ ਠਾਕੁਰ, ਸਾਬਾ ਕੋਂਸਲਰ ਮਨਜੀਤ ਕੋਰ, ਹਰਜਿੰਦਰ ਸਿੰਘ ਵਿਰਦੀ, ਦਿਆਲ ਚੰਦ, ਅਰਵਿੰਦਰ ਸਿੰਘ, ਪ੍ਰੇਮ ਦੱਤ ਸ਼ਰਮਾ, ਓਮ ਪ੍ਰਕਾਸ਼, ਰਜਿੰਦਰ ਪ੍ਰਸਾਦ ਸ਼ਰਮਾ, ਸੁਰਿੰਦਰ ਕੁਮਾਰ, ਬਲਵਿੰਦਰ ਕੁਮਾਰ, ਕਰਮ ਚੰਦ, ਸ਼ੰਕਰੀ ਦੇਵੀ, ਕੋਸ਼ਲਯਾ ਦੇਵੀ, ਪਰਮਜੀਤ ਕੋਰ ਅਤੇ ਮੁਹੱਲਾ ਨਿਵਾਸੀ ਇਸ ਮੋਕੇ ਤੇ ਹਾਜਰ ਸਨ।